# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :10-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਕੇਂਦਰੀ ਮੰਤਰੀ ਮੰਡਲ ਨੇ ਅੱਜ ਇਕ ਮਤਾ ਪਾਸ ਕਰਕੇ ,ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਚੁਣੇ ਹੋਏ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿਤੀ।

- ਸਰਕਾਰ ਵਲੋਂ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ 95 ਹਜ਼ਾਰ 692 ਕਰੋੜ ਦੇ ਅੰਤਰਿਮ ਬਜਟ ਅਲਾਟਮੈਂਟ ਦੀ ਤਜਵੀਜ਼।

- ਪੰਜਾਬ ਸਰਕਾਰ ਵੱਲੋਂ ਪਟਿਆਲਾ ਵਿੱਚ ਹਾਈਬ੍ਰਿਡ ਸਫ਼ਾਈ ਮਾਡਲ ਦਾ ਆਗ਼ਾਜ਼-ਸੂਬੇ ਦਾ ਸਭ ਤੋਂ ਸਾਫ਼-ਸੁਥਰਾ ਸ਼ਹਿਰ ਬਣਾਉਣ ਲਈ 30 ਦਿਨਾਂ ਦਾ ਟੀਚਾ ਮਿੱਥਿਆ।

- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ, ਪੰਜਾਬ ਪੁਲਿਸ ਦੀਆਂ ਮਹਿਲਾ ਪੁਲਿਸ ਅਧਿਕਾਰੀਆਂ ਲਈ 93 ਦੋ ਪਹੀਆ ਇਲੈਕਟ੍ਰਿਕ ਵਾਹਨਾਂ ਨੂੰ ਰਵਾਨਾ ਕੀਤਾ।

- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਸਿੱਖ ਸ਼ਰਧਾਲੂਆਂ ਦਾ ਜੱਥਾ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਹੋਇਆ।

- ਅਫਗਾਨਿਸਤਾਨ ਖਿਲਾਫ ਤਿੰਨ ਮੈਚਾਂ ਦੀ ਇੱਕ ਰੋਜ਼ਾ ਲੜੀ ਤੋਂ ਪਹਿਲਾਂ, ਹਾਰਦਿਕ ਪੰਡਯਾ ਸੱਟ ਕਾਰਨ ਟੀਮ ਤੋਂ ਬਾਹਰ ਹੋਏ।

**ਹੁਣ ਖ਼ਬਰਾਂ ਵਿਸਥਾਰ ਨਾਲ।**

ਕੇਂਦਰੀ ਮੰਤਰੀ ਮੰਡਲ ਨੇ ਅੱਜ ਇਕ ਮਤਾ ਪਾਸ ਕਰਕੇ ,ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਚੁਣੇ ਹੋਏ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿਤੀ ਏ। ਕੇਂਦਰੀ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਨਵੀਂ ਦਿੱਲੀ ਵਿੱਚ ਮੀਡੀਆ ਨਾਲ ਗੱਲ ਕਰਦੇ ਹੋਏ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਇਸ ਮਤੇ ਵਿੱਚ ਚੁਣੇ ਹੋਏ ਪ੍ਰਧਾਨ ਮੰਤਰੀ ਵਜੋਂ ਸ਼੍ਰੀ ਮੋਦੀ ਦੀ ਰਾਸ਼ਟਰ

ਪ੍ਰਤੀ ਨਿਰੰਤਰ ਸੇਵਾ ਦੀ ਇਤਿਹਾਸਕ ਪ੍ਰਾਪਤੀ 'ਤੇ ਚਰਚਾ ਕੀਤੀ ਗਈ ਏ। ਸ਼੍ਰੀ ਵੈਸ਼ਨਵ ਨੇ ਕਿਹਾ।

BYTE

ਉਨ੍ਹਾਂ  ਕਿਹਾ ਕਿ ਕੈਬਨਿਟ ਨੇ ਆਂਧਰਾ ਪ੍ਰਦੇਸ਼ ਦੇ ਅਮਰਾਵਤੀ ਵਿੱਚ ਕੇਂਦਰੀ ਸਰਕਾਰੀ ਦਫਤਰ ਕੰਪਲੈਕਸ ਅਤੇ ਕੇਂਦਰੀ ਸਰਕਾਰੀ ਰਿਹਾਇਸ਼ੀ ਕੰਪਲੈਕਸ ਨੂੰ ਵੀ ਮਨਜ਼ੂਰੀ ਦਿੱਤੀ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਅੱਜ ਭਾਰਤ ਦੇ ਸਭ ਤੋਂ ਵੱਧ ਸਮੇਂ ਤੱਕ ਸੇਵਾ ਨਿਭਾਉਣ ਵਾਲੇ ਚੁਣੇ ਹੋਏ ਪ੍ਰਧਾਨ ਮੰਤਰੀ ਬਣਨ 'ਤੇ , ਦੇਸ਼-ਵਿਦੇਸ਼ ਤੋਂ ਵਧਾਈ ਦੇਣ ਦਾ ਸਿਲਸਿਲਾ ਜਾਰੀ  ਏ। ਵਿਸ਼ਵ ਨੇਤਾਵਾਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਭਾਰਤ ਦੇ ਸਭ ਤੋਂ ਲੰਮੇ ਸਮੇਂ ਤੱਕ ਚੁਣੇ ਗਏ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿੱਤੀ ਏ। ਵਿਸ਼ਵ ਨੇਤਾਵਾਂ ਨੇ ਪ੍ਰਧਾਨ ਮੰਤਰੀ ਦੇ ਪਰਿਵਰਤਨਸ਼ੀਲ ਸ਼ਾਸਨ, ਆਲਮੀ ਦਖਣ ਲਈ ਉਨ੍ਹਾਂ ਦੀ ਵਕਾਲਤ, ਅਤੇ ਇੱਕ ਸਮਾਵੇਸ਼ੀ ਅਤੇ ਆਰਥਿਕ ਤੌਰ 'ਤੇ ਗਤੀਸ਼ੀਲ ਭਾਰਤ ਦੇ ਉਨ੍ਹਾਂ ਦੇ ਦ੍ਰਿਸ਼ਟੀਕੋਣ ਦੀ ਸ਼ਲਾਘਾ ਕੀਤੀ। ਰਾਸ਼ਟਰਪਤੀ ਦਰੋਪਦੀ ਮੂਰਮੂ ਤੇ ਉਪ-ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਦੇਸ਼ ਦੇ ਸਭ ਤੋਂ ਲੰਮੇ ਸਮੇਂ ਤੱਕ ਲਗਾਤਾਰ ਸੇਵਾ ਨਿਭਾਉਣ ਵਾਲੇ ਚੁਣੇ ਹੋਏ ਪ੍ਰਧਾਨ

ਮੰਤਰੀ ਬਣਨ 'ਤੇ ਵਧਾਈ ਦਿੱਤੀ ਏ ।   ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ, ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਸਮੇਤ ਕਈ ਕੇਂਦਰੀ ਮੰਤਰੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਭ ਤੋਂ ਲੰਬੇ ਸਮੇਂ ਤੱਕ ਲਗਾਤਾਰ ਚੁਣੇ ਗਏ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿੱਤੀ।

-------------------------------------------------------

ਸਰਕਾਰ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ  95 ਹਜ਼ਾਰ 692 ਕਰੋੜ ਦੇ ਅੰਤਰਿਮ ਬਜਟ ਅਲਾਟਮੈਂਟ ਦੀ ਤਜਵੀਜ਼ ਰੱਖੀ ਏ , ਜਿਸ ਨਾਲ ਮਨਰੇਗਾ ਤੋਂ ਵਿਕਸਿਤ  ਭਾਰਤ - ਰੁਜ਼ਗਾਰ ਗਰੰਟੀ ਅਤੇ ਆਜੀਵਿਕਾ ਮਿਸ਼ਨ ਗ੍ਰਾਮੀਣ - ਵੀਬੀ ਜੀ-ਰਾਮ-ਜੀ ਵਿੱਚ ਸੁਚਾਰੂ ਤਬਦੀਲੀ ਨੂੰ ਯਕੀਨੀ ਬਣਾਇਆ ਜਾ ਸਕੇ। ਇਹ ਐਕਟ ਪਹਿਲੀ ਜੁਲਾਈ ਤੋਂ ਦੇਸ਼ ਭਰ ਵਿੱਚ ਲਾਗੂ ਹੋਵੇਗਾ। ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਨਵੀਂ ਦਿੱਲੀ ਵਿੱਚ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਪੇਂਡੂ ਵਿਕਾਸ ਮੰਤਰੀਆਂ ਨਾਲ ਇੱਕ ਵਰਚੁਅਲ ਮੀਟਿੰਗ ਤੋਂ ਬਾਅਦ ਇਸਦਾ ਐਲਾਨ ਕੀਤਾ।

-------------------------------------------------------

ਪੰਜਾਬ ਦੇ ਸ਼ਹਿਰੀ ਖੇਤਰਾਂ ਵਿੱਚ ਸਫ਼ਾਈ ਅਤੇ ਸਵੱਛਤਾ ਕਾਰਜਾਂ ਵਿੱਚ ਵੱਡਾ ਬਦਲਾਅ ਲਿਆਉਂਦਿਆਂ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਆਪਣੀ ਕਿਸਮ ਦੇ ਪਹਿਲੇ ਹਾਈਬ੍ਰਿਡ ਸਫ਼ਾਈ ਮਾਡਲ ਦਾ ਐਲਾਨ ਕੀਤਾ ਏ । ਇਹ ਮਾਡਲ ਇੱਕ ਮਹੀਨੇ ਦੇ ਅੰਦਰ ਪਟਿਆਲਾ ਨੂੰ ਸੂਬੇ ਦਾ ਸਭ ਤੋਂ ਸਾਫ਼ ਸ਼ਹਿਰ ਬਣਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਨੂੰ ਭਾਰਤ ਦਾ ਸਭ ਤੋਂ ਸਾਫ਼-ਸੁਥਰਾ ਸੂਬਾ ਬਣਾਇਆ ਜਾਵੇਗਾ। ਸ੍ਰੀ ਬੈਂਸ ਨੇ ਦੱਸਿਆ ਕਿ ਇਹ ਹਾਈਬ੍ਰਿਡ ਮਾਡਲ ਮਸ਼ੀਨ ਨਾਲ ਘਾਹ ਦੀ ਕਟਾਈ, ਸੁਪਰ-ਸਕਸ਼ਨ ਮਸ਼ੀਨਾਂ, ਸਕਰੱਬਰਜ਼, ਹੱਥੀਂ ਆਰਗੈਨਿਕ ਰਹਿੰਦ-ਖੂੰਹਦ ਇਕੱਠਾ ਕਰਨ ਅਤੇ ਸੜਕਾਂ ਦੀ ਧੁਆਈ ਦੇ ਕੰਮ ਨੂੰ ਆਪਸ ਵਿੱਚ ਜੋੜਦਾ ਏ । ਇਹ ਸਿਸਟਮ ਹਰੇਕ ਵਾਰਡ ਲਈ ਪਹਿਲਾਂ ਤੋਂ ਨਿਰਧਾਰਿਤ ਹਫ਼ਤਾਵਾਰੀ ਸਫ਼ਾਈ ਪ੍ਰੋਗਰਾਮ ਅਨੁਸਾਰ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਸਫ਼ਾਈ ਸੇਵਕ ਸਾਡੇ ਮੁੱਖ ਭਾਈਵਾਲ ਨੇ । ਮਸ਼ੀਨਾਂ ਭਾਰੀ ਕੰਮ ਕਰਨਗੀਆਂ ਅਤੇ ਉਹ ਬਾਰੀਕੀ ਵਾਲਾ ਕੰਮ ਸੰਭਾਲਣਗੇ। ਇਹ ਸਿਸਟਮ ਹੱਥੀਂ ਕੀਤੀ ਜਾਣ ਵਾਲੀ ਸਖ਼ਤ ਮਿਹਨਤ ਨੂੰ ਘਟਾਉਣ ਅਤੇ ਕਾਰਜਕੁਸ਼ਲਤਾ ਨੂੰ ਵਧਾਉਣ ਲਈ ਤਿਆਰ ਕੀਤਾ ਗਿਆ ਏ ।

-----------------------------------------------

ਪੰਜਾਬ ਸਰਕਾਰ ਵੱਲੋਂ ਬਜ਼ੁਰਗ ਨਾਗਰਿਕਾਂ ਦੇ ਸਨਮਾਨ, ਸੁਰੱਖਿਆ ਅਤੇ ਅਧਿਕਾਰਾਂ ਦੀ ਰਾਖੀ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਏ। ਇਸੇ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਮਾਨਸਾ ਦੀ ਇੱਕ ਬਜ਼ੁਰਗ ਮਹਿਲਾ ਦੀ ਸ਼ਿਕਾਇਤ 'ਤੇ ਤੁਰੰਤ ਦਖ਼ਲ ਦਿੰਦਿਆਂ ਮਾਮਲੇ ਦੀ ਜਾਂਚ ਕਰਵਾਈ ਗਈ। ਮੁਲਜ਼ਮ ਖ਼ਿਲਾਫ਼ ਕਾਨੂੰਨੀ ਕਾਰਵਾਈ ਨਾਲ ਉਸ ਦੀ ਗ੍ਰਿਫ਼ਤਾਰੀ ਯਕੀਨੀ ਬਣਾਈ ਗਈ, ਜਿਸ ਨਾਲ ਪੀੜਤ ਬਜ਼ੁਰਗ ਮਹਿਲਾ ਨੂੰ ਇਨਸਾਫ਼ ਮਿਲਿਆ ਏ। ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਬਜ਼ੁਰਗ ਮਹਿਲਾ ਵੱਲੋਂ ਕੀਤੀ ਗਈ ਸ਼ਿਕਾਇਤ ਵਿੱਚ ਦੱਸਿਆ ਗਿਆ ਸੀ ਕਿ ਪਰਿਵਾਰਕ ਵਿਵਾਦ ਅਤੇ ਜਾਇਦਾਦ ਦੇ ਮਾਮਲੇ ਨੂੰ ਲੈ ਕੇ ਉਸ ਨਾਲ ਧੱਕੇਸ਼ਾਹੀ ਅਤੇ ਉਸ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤਾ ਜਾ ਰਿਹਾ ਏ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਮਾਨਸਾ ਵੱਲੋਂ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸੰਬੰਧਿਤ ਅਧਿਕਾਰੀਆਂ ਨਾਲ ਤਾਲਮੇਲ ਕੀਤਾ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਉਪਰੰਤ ਐਫ.ਆਈ.ਆਰ. ਦਰਜ ਕਰਕੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਡਾ. ਬਲਜੀਤ ਕੌਰ ਨੇ ਕਿਹਾ ਕਿ ਕਿਸੇ ਵੀ ਬਜ਼ੁਰਗ ਮਾਂ-ਪਿਓ ਨਾਲ ਦੁਰਵਿਵਹਾਰ ਜਾਂ ਸ਼ੋਸ਼ਣ ਨਾ ਸਿਰਫ਼ ਕਾਨੂੰਨੀ ਤੌਰ 'ਤੇ ਗਲਤ ਏ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਪੀੜਤਾਂ

ਨੂੰ ਤੁਰੰਤ ਰਾਹਤ ਅਤੇ ਮੁਲਜ਼ਮਾਂ  ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇਗੀ।  ਡਾ. ਬਲਜੀਤ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਬਜ਼ੁਰਗ ਨਾਗਰਿਕ ਨਾਲ ਦੁਰਵਿਵਹਾਰ, ਅਣਦੇਖੀ ਜਾਂ ਜਾਇਦਾਦ ਸਬੰਧੀ ਸ਼ੋਸ਼ਣ ਦਾ ਕੋਈ ਮਾਮਲਾ ਸਾਹਮਣੇ ਆਉਂਦਾ ਏ  ਤਾਂ ਤੁਰੰਤ ਸੰਬੰਧਿਤ ਅਧਿਕਾਰੀਆਂ ਜਾਂ ਬਜ਼ੁਰਗ ਹੈਲਪਲਾਈਨ ਨੰਬਰ 14-567 'ਤੇ ਸੰਪਰਕ ਕੀਤਾ ਜਾਵੇ।

-----------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ  ਅੱਜ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ, ਫਿਲੌਰ  ਵਿੱਚ ਇੱਕ ਸਮਾਗਮ ਦੌਰਾਨ ਪੰਜਾਬ ਪੁਲਿਸ ਦੀਆਂ ਮਹਿਲਾ ਪੁਲਿਸ ਅਧਿਕਾਰੀਆਂ ਲਈ 93 ਇਲੈਕਟ੍ਰਿਕ ਸਕੂਟਰਾਂ ਨੂੰ ਰਵਾਨਾ ਕੀਤਾ । ਇਸਦਾ ਉਦੇਸ਼  ਅਪਰਾਧ ਦਾ ਜਵਾਬ ਦੇਣ ਲਈ ਮਹਿਲਾ ਪੁਲਿਸ ਅਧਿਕਾਰੀਆਂ ਨੂੰ ਗਤੀਸ਼ੀਲਤਾ ਪ੍ਰਦਾਨ ਕਰਨਾ ਏ ।  ਪੰਜਾਬ ਪੁਲਿਸ ਮੁਖੀ ਨੇ ਪੰਜਾਬ ਪੁਲਿਸ ਦਾ ਨਵਾਂ 'ਸਾਂਝ ਪੋਰਟਲ' ਵੀ ਜਾਰੀ ਕੀਤਾ, ਜਿਸ ਵਿੱਚ ਸੁਧਾਰੀ ਤਕਨਾਲੋਜੀ-ਅਧਾਰਤ ਨਾਗਰਿਕ-ਕੇਂਦ੍ਰਿਤ ਵਿਸ਼ੇਸ਼ਤਾਵਾਂ ਲਈ 14 ਨਵੀਆਂ ਵਿਸ਼ੇਸ਼ਤਾਵਾਂ ਪੇਸ਼ ਕੀਤੀਆਂ ਗਈਆਂ ਹਨ, ਜੋ ਨਾਗਰਿਕਾਂ ਨੂੰ ਇੱਕ ਸੁਰੱਖਿਅਤ ਨਿਰਭਰ ਅਤੇ ਕੁਸ਼ਲ ਪ੍ਰਣਾਲੀ ਰਾਹੀਂ ਪੁਲਿਸ ਸੇਵਾਵਾਂ ਤੱਕ ਨਿਰਵਿਘਨ ਪਹੁੰਚ ਕਰਨ ਦੇ ਯੋਗ ਬਣਾਉਣਗੀਆਂ। ਸਾਂਝ ਵੈੱਬਸਾਈਟ ਨੂੰ ਪੂਰੀ ਤਰ੍ਹਾਂ ਨਵੇਂ ਰੂਪ ਵਿੱਚ

ਸੋਧਿਆ ਗਿਆ ਏ । ਨਵਾਂ ਸਿਸਟਮ ਸੁਰੱਖਿਅਤ ਏ  ਜਿਸ ਵਿੱਚ ਸਾਂਝ ਇੱਕ ਨਵੇਂ gov.in ਡੋਮੇਨ ਤੋਂ ਕੰਮ ਕਰ ਰਿਹਾ ਏ । ਸੀਨੀਅਰ ਨਾਗਰਿਕ ਇਸ ਮੰਚ  ਰਾਹੀਂ ਪੰਜਾਬ ਪੁਲਿਸ ਨਾਲ ਸੰਪਰਕ ਕਰ ਸਕਣਗੇ ਅਤੇ ਸੁਰੱਖਿਆ ਮੁੱਦਿਆਂ ਅਤੇ ਘਰੇਲੂ ਮਦਦ ਦੀ ਤਸਦੀਕ   ਵਰਗੀਆਂ ਸੇਵਾਵਾਂ ਲਈ ਪੁਲਿਸ ਨੂੰ ਮਿਲਣ ਲਈ ਮੁਲਾਕਾਤ ਪ੍ਰਾਪਤ ਕਰ ਸਕਣਗੇ। ਇੱਕ ਪੂਰੀ ਤਰ੍ਹਾਂ ਸਵੈਚਾਲਿਤ ਔਨਲਾਈਨ ਕਿਰਾਏਦਾਰ ਤਸਦੀਕ ਪ੍ਰਣਾਲੀ ਨੂੰ ਸਮਰੱਥ ਬਣਾਇਆ ਗਿਆ ਏ ਜੋ ਸੂਬੇ ਦੇ ਅੰਦਰ ਅਤੇ ਪੰਜਾਬ ਰਾਜ ਤੋਂ ਬਾਹਰ, ਉਨ੍ਹਾਂ ਦੇ ਸਥਾਈ ਪਤਿਆਂ 'ਤੇ ਕਿਰਾਏਦਾਰ ਦੀ ਸਮਾਂਬੱਧ ਤਸਦੀਕ ਨੂੰ ਯਕੀਨੀ ਬਣਾਏਗਾ । ਜਵਾਬਦੇਹੀ ਵਧਾਉਣ ਲਈ ਪੁਲਿਸ ਤਸਦੀਕ ਸੇਵਾਵਾਂ ਲਈ ਨਾਗਰਿਕ ਫੀਡਬੈਕ ਦੀ ਇੱਕ ਵਾਧੂ ਵਿਸ਼ੇਸ਼ਤਾ ਸ਼ਾਮਲ ਕੀਤੀ ਗਈ ਏ । ਦਸਤੀ ਕਾਗਜ਼ੀ ਰਸੀਦਾਂ ਨੂੰ ਡਿਜੀਟਲ ਰਸੀਦਾਂ ਨਾਲ ਬਦਲ ਦਿੱਤਾ ਗਿਆ ਏ  ਜੋ ਆਪਣੇ ਆਪ ਤਿਆਰ ਹੋਣਗੀਆਂ ਅਤੇ ਬਿਨੈਕਾਰ ਨਾਗਰਿਕਾਂ ਦੇ ਈਮੇਲ, SMS  'ਤੇ ਭੇਜੀਆਂ ਜਾਣਗੀਆਂ।

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਸਿੱਖ ਸ਼ਰਧਾਲੂਆਂ ਦੇ ਜੱਥੇ ਨੂੰ ਅੱਜ ਕਮੇਟੀ ਦਫ਼ਤਰ ਤੋਂ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਕੀਤਾ

ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਜੱਥੇ ਵਿੱਚ ਸ਼ਾਮਲ ਸ਼ਰਧਾਲੂਆਂ ਨੂੰ ਸਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਹ ਜੱਥਾ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ੍ਰੀ ਪੰਜਾ ਸਾਹਿਬ, ਗੁਰਦੁਆਰਾ ਰੋੜੀ ਸਾਹਿਬ, ਗੁਰਦੁਆਰਾ ਸੱਚਾ ਸੌਦਾ ਅਤੇ ਗੁਰਦੁਆਰਾ ਕਰਤਾਰਪੁਰ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰੇਗਾ । 18 ਜੂਨ ਨੂੰ ਗੁਰਦੁਆਰਾ ਡੇਰਾ ਸਾਹਿਬ ਲਾਹੌਰ ਵਿਖੇ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਸਮਾਗਮਾਂ ਵਿੱਚ ਵੀ ਸ਼ਮੂਲੀਅਤ ਕੀਤੀ ਜਾਵੇਗੀ। ਸ਼ਹੀਦੀ ਸਮਾਗਮਾਂ ਲਈ ਇਸ ਤਰ੍ਹਾਂ ਦਾ ਜੱਥਾ ਕਰੀਬ 14 ਸਾਲਾਂ ਬਾਅਦ ਪਾਕਿਸਤਾਨ ਜਾ ਰਿਹਾ ਏ । ਇਸ ਜੱਥੇ ਵਿੱਚ 541 ਸ਼ਰਧਾਲੂ ਸ਼ਾਮਲ ਨੇ । ਜੱਥਾ 19 ਜੂਨ ਨੂੰ ਭਾਰਤ ਵਾਪਸ ਪਰਤੇਗਾ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਕਾਰਜਸ਼ੀਲ ਸਿੱਖ ਮਿਸ਼ਨ ਗੁਜਰਾਤ ਤੇ ਰਾਜਿਸਥਾਨ ਵੱਲੋਂ ਰਾਜਿਸਥਾਨ ਸਥਿਤ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਸ਼ਨ ਮਾਊਂਟ ਆਬੂ ਵਿਖੇ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਗੁਜਰਾਤ ਦੇ ਅਹਿਮਦਾਬਾਦ, ਬੜੋਦਾ, ਗਾਂਧੀ ਧਾਮ, ਰਾਜਕੋਟ ਅਤੇ ਰਾਜਿਸਥਾਨ ਦੇ ਪਾਲੀ, ਫਾਲਨਾ, ਜੋਧਪੁਰ, ਉਦੈਪੁਰ ਅਤੇ ਪੰਜਾਬ ਦੇ ਵੱਖ-ਵੱਖ ਸਥਾਨਾਂ

ਤੋਂ ਵੀ ਸੰਗਤਾਂ ਨੇ ਹਾਜਰੀ ਭਰੀ। ਸਥਾਨਕ ਸੰਗਤਾਂ ਵੱਲੋਂ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ । ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਢਾਡੀ ਭਾਈ ਮਨਵਿੰਦਰ ਸਿੰਘ ਸੁਨਾਮ ਦੇ ਜਥੇ ਨੇ ਸੰਗਤਾਂ ਨੂੰ ਗੁਰ-ਇਤਿਹਾਸ ਨਾਲ ਜੋੜਿਆ।

---------------------------------------------------------

ਪੰਜਾਬ ਰੋਡਵੇਜ਼ ਪਨਬਸ ਕੰਟਰੈਕਟ ਵਰਕਰਜ਼ ਜਥੇਬੰਦੀ ਵਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਅੱਜ ਸੂਬੇ ਭਰ ਚ ਵੱਖ ਵੱਖ ਥਾਵਾਂ ਤੇ ਹੜਤਾਲ ਤੇ ਰੋਸ ਪ੍ਰਦਰਸ਼ਨ ਕੀਤਾ ਗਿਆ । ਪੰਜਾਬ ਰੋਡਵੇਜ਼ ਕਰਮਚਾਰੀਆਂ ਦੀ ਹੜਤਾਲ ਕਾਰਨ ਆਮ ਲੋਕਾਂ ਨੂੰ ਕਾਫ਼ੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਏ । ਮੁਸਾਫ਼ਰਾਂ ਨੂੰ ਬੱਸ ਅੱਡਿਆਂ 'ਤੇ ਘੰਟਿਆਂ ਬੱਧੀ ਇੰਤਜ਼ਾਰ ਕਰਨਾ ਪਿਆ। ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਲਵਲੀ ਨੇ ਕਿਹਾ ਕਿ ਉਨ੍ਹਾਂ ਦੀਆਂ ਮੁੱਖ ਮੰਗਾਂ ਵਿੱਚ ਅਸਥਾਈ ਕਰਮਚਾਰੀਆਂ ਨੂੰ ਰੈਗੂਲਰ ਕਰਨਾ, ਲੰਬੇ ਸਮੇਂ ਤੋਂ ਕੰਮ ਕਰ ਰਹੇ ਕਰਮਚਾਰੀਆਂ ਨੂੰ ਰੈਗੂਲਰ ਕਰਨਾ, ਨਿੱਜੀ ਬੱਸ ਮਾਫੀਆ 'ਤੇ ਲਗਾਮ ਲਗਾਉਣਾ ਅਤੇ ਆਊਟ-ਸੋਰਸਿੰਗ ਦਾ ਮੁੱਦਾ ਹੱਲ ਕਰਨਾ ਸ਼ਾਮਲ ਏ ।

ਇਸ ਬਾਰੇ ਕੱਲ ਵਿਭਾਗ ਵਲੋਂ ਮੀਟਿੰਗ ਬੁਲਾਈ ਗਈ ਏ , ਯੂਨੀਅਨ ਵਲੋ ਜਰਨਲ ਸਕੱਤਰ ਸ਼ਮਸ਼ੇਰ ਸਿੰਘ, ਚੈਅਰਮੈਨ ਬਲਵਿੰਦਰ ਸਿੰਘ ਰਾਠ ਅਤੇ ਹੋਰ ਮੈਂਬਰ ਹਿਸਾ ਲੈਣਗੇ

------------------------------------------------------

ਹਰਿਆਣਾ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰੇਣੂ ਭਾਟੀਆ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਏ । ਆਪਣੇ ਪਿਛਲੇ ਕਾਰਜਕਾਲ ਦਾ ਹਵਾਲਾ ਦਿੰਦੇ ਹੋਏ, ਰੇਣੂ ਭਾਟੀਆ ਨੇ ਕਿਹਾ ਕਿ ਉਨ੍ਹਾਂ ਨੇ ਕਮਿਸ਼ਨ ਦੀ ਚੇਅਰਪਰਸਨ ਵਜੋਂ ਆਪਣੀਆਂ ਡਿਊਟੀਆਂ ਪੂਰੀ ਇਮਾਨਦਾਰੀ, ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਈਆਂ। ਆਪਣੇ ਅਸਤੀਫਾ ਪੱਤਰ ਵਿੱਚ, ਉਨ੍ਹਾਂ ਸਪੱਸ਼ਟ ਕੀਤਾ ਕਿ ਉਹ ਸਵੈ-ਇੱਛਾ ਨਾਲ ਅਸਤੀਫਾ ਦੇ ਰਹੇ ਨੇ  ਅਤੇ ਸਰਕਾਰ ਨੂੰ ਇਸਨੂੰ ਸਵੀਕਾਰ ਕਰਨ ਦੀ ਬੇਨਤੀ ਕੀਤੀ ਏ । ਕੁਰੂਕਸ਼ੇਤਰ ਵਿੱਚ ਇੱਕ ਮਾਮਲੇ ਸੰਬੰਧੀ ਹਸਪਤਾਲ ਦੇ ਨਿਰੀਖਣ ਦੌਰਾਨ ਨਰਸਿੰਗ ਅਧਿਕਾਰੀਆਂ ਬਾਰੇ ਸ਼੍ਰੀਮਤੀ ਰੇਣੂ ਭਾਟੀਆ ਦੀਆਂ ਟਿੱਪਣੀਆਂ ਕਾਰਨ ਦੇਸ਼ ਭਰ ਦੇ ਨਰਸਿੰਗ ਅਧਿਕਾਰੀ ਵਿਰੋਧ ਪ੍ਰਦਰਸ਼ਨ 'ਤੇ ਸਨ  । ਕੁਰੂਕਸ਼ੇਤਰ ਹਸਪਤਾਲ ਦੇ ਨਰਸਿੰਗ ਸਟਾਫ ਨੇ ਸੋਮਵਾਰ ਨੂੰ ਦੋ ਘੰਟੇ ਦੀ ਹੜਤਾਲ ਕੀਤੀ। ਹਰਿਆਣਾ ਨਰਸਿੰਗ ਅਫਸਰ ਵੈਲਫੇਅਰ ਐਸੋਸੀਏਸ਼ਨ ਨੇ ਵੀ ਕੱਲ੍ਹ ਦੁਪਹਿਰ 10 ਤੋਂ 12 ਵਜੇ ਤੱਕ ਪੈੱਨ-ਡਾਊਨ ਹੜਤਾਲ ਕੀਤੀ।

---------------------------------------------------

ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਅੱਜ ਚੰਡੀਗੜ੍ਹ ਸਥਿਤ ਪੰਜਾਬ ਭਵਨ ਵਿਖੇ 48 ਜ਼ਿਲ੍ਹਾ ਸਿਸਟਮ ਮੈਨੇਜਰਾਂ ਅਤੇ ਸਹਾਇਕ ਸਿਸਟਮ ਮੈਨੇਜਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਪਾਰਦਰਸ਼ੀ ਅਤੇ ਨਿਰੋਲ ਯੋਗਤਾ ਦੇ ਆਧਾਰ ‘ਤੇ ਸੂਬੇ ਦੇ ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਭਰਤੀ ਮੁਹਿੰਮ ਚਲਾਈ ਜਾ ਰਹੀ ਏ ਅਤੇ ਇਨ੍ਹਾਂ ਉਮੀਦਵਾਰਾਂ ਦੀ ਭਰਤੀ ਸਬੰਧੀ ਸਾਰੀਆਂ ਪ੍ਰਕਿਰਿਆਵਾਂ ਰਿਕਾਰਡ ਸਮੇਂ ਵਿੱਚ ਮੁਕੰਮਲ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪਾਰਦਰਸ਼ੀ ਚੋਣ ਪ੍ਰਕਿਰਿਆ ਉਪਰੰਤ ਜ਼ਿਲ੍ਹਾ ਸਿਸਟਮ ਮੈਨੇਜਰਾਂ ਦੇ ਅਹੁਦਿਆਂ ਲਈ 11 ਉਮੀਦਵਾਰਾਂ ਅਤੇ ਸਹਾਇਕ ਸਿਸਟਮ ਮੈਨੇਜਰਾਂ ਦੇ ਅਹੁਦਿਆਂ ਲਈ 37 ਉਮੀਦਵਾਰਾਂ ਦੀ ਚੋਣ ਕੀਤੀ ਗਈ। ਜ਼ਿਕਰਯੋਗ ਏ ਕਿ ਸਾਰੇ ਚੁਣੇ ਗਏ ਉਮੀਦਵਾਰ ਜਲੰਧਰ ਵਿਖੇ ਦੋ ਮਹੀਨਿਆਂ ਦੇ ਸਿਖਲਾਈ ਪ੍ਰੋਗਰਾਮ ਵਿੱਚ ਹਿੱਸਾ ਲੈਣਗੇ ।

---------------------------------------------------

ਅਫਗਾਨਿਸਤਾਨ ਖਿਲਾਫ ਤਿੰਨ ਮੈਚਾਂ ਦੀ ਇੱਕ ਰੋਜ਼ਾ ਲੜੀ ਤੋਂ ਪਹਿਲਾਂ ਹਾਰਦਿਕ ਪੰਡਯਾ ਸੱਟ ਕਾਰਨ ਟੀਮ ਤੋਂ ਬਾਹਰ ਗਏ ਨੇ । ਵਿਰਾਟ ਕੋਹਲੀ ਪਹਿਲਾਂ ਹੀ ਟੀਮ ਵਿਚ ਨਹੀਂ ਹਨ । ਇਹ ਲੜੀ ਦੱਖਣੀ

ਅਫਰੀਕਾ ਵਿੱਚ 2027 ਦੇ ਇੱਕ ਰੋਜ਼ਾ ਵਿਸ਼ਵ ਕੱਪ ਦੀਆਂ ਤਿਆਰੀਆਂ ਦੀ ਸ਼ੁਰੂਆਤ ਨੂੰ ਦਰਸਾਉਂਦੀ ਏ। ਰਿਪੋਰਟਾਂ ਮੁਤਾਬਿਕ , ਹਾਰਦਿਕ ਨੂੰ ਠੀਕ ਹੋਣ ਲਈ ਤਿੰਨ ਹਫ਼ਤੇ ਲੱਗਣਗੇ।

-----------------------------------------------------------

- ਕੇਂਦਰੀ ਮੰਤਰੀ ਮੰਡਲ ਨੇ ਅੱਜ ਇਕ ਮਤਾ ਪਾਸ ਕਰਕੇ ,ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਚੁਣੇ ਹੋਏ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿਤੀ।

- ਸਰਕਾਰ ਵਲੋਂ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ 95 ਹਜ਼ਾਰ 692 ਕਰੋੜ ਦੇ ਅੰਤਰਿਮ ਬਜਟ ਅਲਾਟਮੈਂਟ ਦੀ ਤਜਵੀਜ਼।

- ਪੰਜਾਬ ਸਰਕਾਰ ਵੱਲੋਂ ਪਟਿਆਲਾ ਵਿੱਚ ਹਾਈਬ੍ਰਿਡ ਸਫ਼ਾਈ ਮਾਡਲ ਦਾ ਆਗ਼ਾਜ਼-ਸੂਬੇ ਦਾ ਸਭ ਤੋਂ ਸਾਫ਼-ਸੁਥਰਾ ਸ਼ਹਿਰ ਬਣਾਉਣ ਲਈ 30 ਦਿਨਾਂ ਦਾ ਟੀਚਾ ਮਿੱਥਿਆ।

- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ, ਪੰਜਾਬ ਪੁਲਿਸ ਦੀਆਂ ਮਹਿਲਾ ਪੁਲਿਸ ਅਧਿਕਾਰੀਆਂ ਲਈ 93 ਦੋ ਪਹੀਆ ਇਲੈਕਟ੍ਰਿਕ ਵਾਹਨਾਂ ਨੂੰ ਰਵਾਨਾ ਕੀਤਾ।

- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਸਿੱਖ ਸ਼ਰਧਾਲੂਆਂ ਦਾ ਜੱਥਾ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਹੋਇਆ।

- ਅਫਗਾਨਿਸਤਾਨ ਖਿਲਾਫ ਤਿੰਨ ਮੈਚਾਂ ਦੀ ਇੱਕ ਰੋਜ਼ਾ ਲੜੀ ਤੋਂ ਪਹਿਲਾਂ, ਹਾਰਦਿਕ ਪੰਡਯਾ ਸੱਟ ਕਾਰਨ ਟੀਮ ਤੋਂ ਬਾਹਰ ਹੋਏ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜੇ ਨਮਸਕਾਰ** !